Factsheet CAT17

# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ 17: ਸਕੂਲ ਕਰਾਸਿੰਗ ਸੇਵਾ

Punjabi | ਪੰਜਾਬੀ

ਸਕੂਲ ਕਰਾਸਿੰਗ ਸੇਵਾ, ਬੱਚਿਆਂ ਨੂੰ ਸਕੂਲ ਆਉਣ-ਜਾਣ ਦੇ ਰਸਤੇ ਵਿੱਚ ਸੜਕ ਪਾਰ ਕਰਨ ਵਿੱਚ ਸਹਾਇਤਾ ਕਰਨ ਲਈ ਪ੍ਰਦਾਨ ਕੀਤੀ ਗਈ ਸੇਵਾ ਹੁੰਦੀ ਹੈ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਂਦੀਆਂ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੀਆਂ **ਆਮ ਡਿਊਟੀਆਂ (usual duties)** ਵਿੱਚ **ਬੱਚੇ (child)** ਨਾਲ **ਸੰਪਰਕ (contact)** ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ ਸ਼ਾਮਲ ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਇੱਕ ਵਿਅਕਤੀ ਜੋ ਸਕੂਲ ਕ੍ਰਾਸਿੰਗ ਅਟੈਂਡੈਂਟ ਵਜੋਂ ਵਲੰਟੀਅਰ ਕਰਦਾ ਹੈ
- 'ਲੌਲੀਪੌਪ' ਸਕੂਲ ਕਰਾਸ ਵਾਕ ਅਟੈਂਡੈਂਟ (ਟ੍ਰੈਫਿਕ ਵਾਰਡਨ)
- 'ਵਾਕਿੰਗ ਬੱਸ' **ਵਾਲੰਟੀਅਰ (volunteer)** ਸੇਵਾ।

## ਛੋਟਾਂ

ਇਸ ਸ਼੍ਰੇਣੀ ਵਿੱਚ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- ਬਾਲ ਵਾਲੰਟੀਅਰ - 18 ਸਾਲ ਤੋਂ ਘੱਟ ਉਮਰ ਦੇ ਵਾਲੰਟੀਅਰਾਂ ਦੁਆਰਾ ਕੀਤੇ ਗਏ ਕੰਮ
- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**
- ਉਸ ਸਕੂਲ ਵਿੱਚ ਕਿਸੇ **ਮਾਤਾ ਜਾਂ ਪਿਤਾ (parent)** ਵੱਲੋਂ ਵਲੰਟੀਅਰ ਕਰਨਾ ਜਿਸ ਵਿੱਚ ਉਨ੍ਹਾਂ ਦਾ ਬੱਚਾ ਜਾਂਦਾ ਹੈ, Factsheet CRW03 - ਛੋਟਾਂ, ਮਾਤਾ-ਪਿਤਾ ਵੱਲੋਂ ਵਾਲੰਟੀਅਰ ਕਰਨ ਦੀ ਛੋਟ ਵੇਖੋ
- ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਜਾਂ ਰਾਸ਼ਟਰੀ ਟੂਰ, Factsheet CRW02 - ਛੋਟਾਂ, ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਅਤੇ ਰਾਸ਼ਟਰੀ ਟੂਰ ਵੇਖੋ
- ਪੁਲਿਸ ਅਧਿਕਾਰੀ ਜੋ WA ਪੁਲਿਸ ਮੈਂਬਰ ਵਜੋਂ ਕੰਮ ਕਰਦੇ ਹਨ।

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।